# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 27-12-2024**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਸਮੇਤ ਉਘੇ ਨੇਤਾਵਾਂ ਨੇ ਅੱਜ ਨਵੀਂ ਦਿੱਲੀ ਵਿਖੇ ਮਰਹੂਮ ਸਾਬਕ ਪ੍ਰਧਾਨ ਮੰਤਰੀ ਡਾ: ਮਨਮੋਹਨ ਸਿੰਘ ਨੂੰ ਉਨ੍ਹਾਂ ਦੀ ਰਿਹਾਇਸ਼ 'ਤੇ ਅੰਤਿਮ ਸ਼ਰਧਾਂਜਲੀ ਭੇਂਟ ਕੀਤੀ|
- ਸਾਬਕ ਪ੍ਰਧਾਨ ਮੰਤਰੀ ਡਾ: ਮਨਮੋਹਨ ਸਿੰਘ ਦਾ ਅੰਤਿਮ ਸੰਸਕਾਰ ਭਲਕੇ ਪੂਰੇ ਸਰਕਾਰੀ ਸਨਮਾਨਾਂ ਨਾਲ ਕੀਤਾ ਜਾਏਗਾ।
- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ, ਬਾਬਾ ਫ਼ਤਹਿ ਸਿੰਘ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਦੀ ਯਾਦ ਵਿਚ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਤਿੰਨ ਰੋਜ਼ਾ ਸਾਲਾਨਾ ਸ਼ਹੀਦੀ ਸਭਾ ਅੱਜ ਸੰਪੂਰਨ ਹੋ ਗਈ ਏ।

- ਅੱਜ ਬਠਿੰਡਾ ‘ਚ ਇੱਕ ਪ੍ਰਾਈਵੇਟ ਬੱਸ ਨੂੰ ਦਰਪੇਸ਼ ਹਾਦਸੇ ਵਿਚ, 8 ਲੋਕਾਂ ਦੀ ਮੌਤ ਹੋ ਗਈ ਤੇ ਕੁਲ 26 ਮੁਸਾਫ਼ਿਰ ਇਸ ਹਾਦਸੇ’ਚ ਜ਼ਖਮੀ ਹੋਏ ਨੇ।
- ਮੌਸਮ ਵਿਭਾਗ ਨੇ ਕਲ ਤਕ ਲਈ ਪੰਜਾਬ ਦੇ ਕੁਝ ਹਿੱਸਿਆਂ ਵਿੱਚ ਗੜ੍ਹੇਮਾਰ ਦੇ ਨਾਲ ਤੂਫ਼ਾਨ ਦੀ ਪੇਸ਼ੀਨਗੋਈ ਕੀਤੀ ਏ।

---------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰ ਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿਖੇ ਮਰਹੂਮ ਸਾਬਕ ਪ੍ਰਧਾਨ ਮੰਤਰੀ ਡਾ: ਮਨਮੋਹਨ ਸਿੰਘ ਨੂੰ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਅੰਤਿਮ ਸ਼ਰਧਾਂਜਲੀ ਭੇਂਟ ਕੀਤੀ। ਬਾਅਦ ਵਿੱਚ, ਇੱਕ ਵੀਡੀਓ ਸੰਦੇਸ਼ ਵਿੱਚ, ਸ੍ਰੀ ਮੋਦੀ ਨੇ ਕਿਹਾ ਕਿ ਰਾਸ਼ਟਰ, ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੇ ਦੇਹਾਂਤ ਤੋਂ ਬਹੁਤ ਦੁਖੀ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ, ਉਨ੍ਹਾਂ ਦਾ ਜੀਵਨ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਮਿਸਾਲ ਏ ਕਿ ਕਿਵੇਂ ਲੋਕ ਸੰਘਰਸ਼ਾਂ ਤੋਂ ਉੱਪਰ ਉੱਠ ਕੇ ਉਚਾਈਆਂ ਹਾਸਲ ਕਰ ਸਕਦੇ ਨੇ. ਸ੍ਰੀ ਮੋਦੀ ਨੇ ਕਿਹਾ ਕਿ ਡਾ: ਮਨਮੋਹਨ ਸਿੰਘ ਨੂੰ

ਹਮੇਸ਼ਾ ਇੱਕ ਇਮਾਨਦਾਰ ਵਿਅਕਤੀ, ਇੱਕ ਮਹਾਨ ਅਰਥ ਸ਼ਾਸਤਰੀ ਅਤੇ ਸੁਧਾਰਾਂ ਲਈ ਆਪਣੇ ਆਪ ਨੂੰ ਸਮਰਪਿਤ ਕਰਨ ਵਾਲੇ ਨੇਤਾ ਵਜੋਂ ਯਾਦ ਕੀਤਾ ਜਾਵੇਗਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਜਦੋਂ ਡਾ: ਸਿੰਘ, ਸਾਬਕਾ ਪ੍ਰਧਾਨ ਮੰਤਰੀ ਭਾਰਤ ਰਤਨ P.V. Narasimha Rao, ਦੇ ਮੰਤਰੀ ਮੰਡਲ'ਚ ਖਜ਼ਾਨਾ ਮੰਤਰੀ ਸਨ ਤਾਂ ਓਹਨਾਂ ਨੇ ਦੇਸ਼, ਜੋ ਉਸ ਸਮੇਂ ਆਰਥਿਕ ਸੰਕਟ ਨਾਲ ਜੂਝ ਰਿਹਾ ਸੀ ਨੂੰ ਨਵੀਂ ਦਿਸ਼ਾ ਦਿੱਤੀ। ਕੇਂਦਰੀ ਮੰਤਰੀਆਂ ਅਮਿਤ ਸ਼ਾਹ, ਜੇਪੀ ਨੱਡਾ, ਰਾਜਨਾਥ ਸਿੰਘ, ਜੋਤੀਰਾਦਿੱਤਿਆ ਸਿੰਧੀਆ, ਅਤੇ ਕਾਂਗਰਸ ਦੇ ਸਾਬਕਾ ਪ੍ਰਧਾਨ ਸੋਨੀਆ ਗਾਂਧੀ, ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ, ਕਾਂਗਰਸ ਪ੍ਰਧਾਨ ਮਲਿਕਾਅਰਜੁਨ ਖੜਗੇ, 'ਆਪ' ਕਨਵੀਨਰ ਅਰਵਿੰਦ ਕੇਜਰੀਵਾਲ, ਦਿੱਲੀ ਦੇ ਮੁੱਖ ਮੰਤਰੀ ਆਤਿਸ਼ੀ, ਅਤੇ ਵਖ ਵਖ ਸੂਬਿਆਂ ਤੋਂ ਹੋਰਨਾਂ ਨੇਤਾਵਾਂ ਨੇ ਵੀ ਸਾਬਕਾ ਪ੍ਰਧਾਨ ਮੰਤਰੀ ਦੀ ਰਿਹਾਇਸ਼ 'ਤੇ ਜਾ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਦਿੱਤੀ। ਸਾਬਕਾ ਰਾਸ਼ਟਰਪਤੀ ਰਾਮ ਨਾਥ ਕੋਵਿੰਦ ਨੇ ਡਾ ਮਨਮੋਹਨ ਸਿੰਘ ਦੇ ਦੇਹਾਂਤ 'ਤੇ ਦੁਖ ਪ੍ਰਗਟਾਇਆ. ਸਾਬਕਾ ਉਪ ਰਾਸ਼ਟਰਪਤੀ ਹਾਮਿਦ ਅੰਸਾਰੀ ਨੇ ਕਿਹਾ ਕਿ ਡਾ: ਸਿੰਘ ਨੇ

ਨੀਤੀਆਂ ਬਦਲੀਆਂ, ਜਿਸ ਦੇ ਨਤੀਜੇ ਵਜੋਂ ਦੇਸ਼ ਨੇ ਤੇਜ਼ੀ ਨਾਲ ਆਰਥਿਕ ਵਿਕਾਸ ਦੇਖਿਆ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਜੇਪੀ ਨੱਡਾ ਨੇ ਕਿਹਾ, ਇਹ ਪੂਰੇ ਦੇਸ਼ ਲਈ ਡੂੰਘੇ ਦੁੱਖ ਦਾ ਪਲ ਏ । ਕੇਂਦਰੀ ਮੰਤਰੀ ਮਨੋਹਰ ਲਾਲ ਖੱਟਰ ਨੇ ਕਿਹਾ ਕਿ ਸਾਬਕਾ ਪ੍ਰਧਾਨ ਮੰਤਰੀ ਨੇ ਦੇਸ਼ ਨੂੰ ਨਵੀਂ ਦਿਸ਼ਾ ਦਿੱਤੀ।ਰਾਸ਼ਟਰੀ ਸਵੈਮ ਸੇਵਕ ਸੰਘ ਨੇ ਵੀ ਸਾਬਕਾ ਪ੍ਰਧਾਨ ਮੰਤਰੀ ਡਾ: ਮਨਮੋਹਨ ਸਿੰਘ ਦੇ ਦਿਹਾਂਤ 'ਤੇ ਸੋਗ ਪ੍ਰਗਟ ਕੀਤਾ ਏ ।

--------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਡਾ ਮਨਮੋਹਨ ਸਿੰਘ ਦੇ ਦੇਹਾਂਤ’ਤੇ ਦੁਖ ਪ੍ਰਗਟ ਕੀਤਾ ਏ. ਓਹਨਾਂ ਕਿਹਾ ਕਿ ਡਾ ਮਨਮੋਹਨ ਸਿੰਘ ਇੱਕ ਦੂਰਅੰਦੇਸ਼ ਨੇਤਾ ਅਤੇ ਇੱਕ ਬੇਮਿਸਾਲ ਅਰਥ ਸ਼ਾਸਤਰੀ ਸਨ ਤੇ ਭਾਰਤ ਦੇ ਵਿਕਾਸ’ਚ ਓਹਨਾਂ ਦੇ ਯੋਗਦਾਨ ਨੂੰ ਹਮੇਸ਼ਾ ਯਾਦ ਰਖਿਆ ਜਾਏਗਾ ।

--------------------------------------------------------

ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਭਾਰਤ ਦੇ

ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੇ ਦੇਹਾਂਤ ‘ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਏ। ਡਾ. ਮਨਮੋਹਨ ਸਿੰਘ ਨੂੰ ਸ਼ਰਧਾਂਜਲੀ ਦਿੰਦਿਆਂ ਸ਼੍ਰੀ ਸੰਧਵਾਂ ਨੇ ਕਿਹਾ ਕਿ ਉਹ ਇੱਕ ਮਹਾਨ ਭਾਰਤੀ ਸਿਆਸਤਦਾਨ, ਮਹਾਨ ਅਰਥ ਸ਼ਾਸਤਰੀ, ਸਿੱਖਿਆ ਸ਼ਾਸਤਰੀ, ਨੌਕਰਸ਼ਾਹ, ਦੂਰ-ਅੰਦੇਸ਼, ਦੇਸ਼ ਪ੍ਰਤੀ ਸਮਰਪਿਤ, ਯੋਗ ਅਗਵਾਈ ਦੇਣ ਵਾਲੇ ਨੇਤਾ ਸਨ, ਜਿਨ੍ਹਾਂ ਨੇ ਲਗਾਤਾਰ 10 ਸਾਲ ਤੱਕ ਭਾਰਤ ਦੇ ਪ੍ਰਧਾਨ ਮੰਤਰੀ ਵਜੋਂ ਸੇਵਾ ਕੀਤੀ। ਉਨ੍ਹਾਂ ਕਿਹਾ ਕਿ ਦੇਸ਼ ਇੱਕ ਮਹਾਨ ਨੇਤਾ ਤੋਂ ਵਾਂਝਾ ਹੋ ਗਿਆ ਏ।

-----------------------------------------------------

ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਗ ਮਾਨ ਨੇ ਸਾਬਕਾ ਪ੍ਰਧਾਨ ਮੰਤਰੀ ਡਾ ਮਨਮੋਹਨ ਸਿੰਘ ਦੇ ਦੇਹਾਂਤ ‘ਤੇ ਅਫਸੋਸ ਪ੍ਰਗਟਾਉਂਦਿਆਂ ਕਿਹਾ ਏ ਕਿ ਇਹ ਦੇਸ਼ ਲਈ ਇੱਕ ਵੱਡਾ ਘਟਾ ਏ. ਐਕਸ ‘ਤੇ ਇੱਕ ਪੋਸਟ ‘ਚ ਓਹਨਾਂ ਕਿਹਾ ਕਿ ਭਾਰਤ ਦੀ ਵਿਗੜੀ ਅਰਥ ਵਿਵਸਥਾ ਨੂੰ ਮੁੜ ਲੀਹ ‘ਤੇ ਲਿਆਉਣ ਵਾਲੇ ਇਸ ਮਹਾਂ ਅਰਥ ਸ਼ਾਸਤਰੀ ਦੀ ਘਟ ਦੇਸ਼ ਵਾਸੀਆਂ ਨੂੰ ਹਮੇਸ਼ਾ ਮਹਿਸੂਸ ਹੁੰਦੀ ਰਹੇਗੀ।

-------------------------------------------------------------

ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਆਪਣੇ ਸ਼ੋਕ ਸੁਨੇਹੇ ਵਿਚ ਕਿਹਾ ਕੇ ਡਾ. ਮਨਮੋਹਨ ਸਿੰਘ ਜੀ ਵਿਸ਼ਵ ਪ੍ਰਸਿੱਧ ਹਸਤੀ ਸਨ, ਉਨ੍ਹਾਂ ਦਾ ਦੇਹਾਂਤ ਸਾਡੇ ਸਭ ਲਈ ਵੱਡਾ ਘਾਟਾ ਏ । ਉਹ ਆਰਥਿਕਤਾ ਦੇ ਆਈਨਸਟਾਈਨ ਸਨ ਅਤੇ ਲੋਕ ਉਨ੍ਹਾਂ ਦੇ ਯੋਗਦਾਨ ਨੂੰ ਹਮੇਸ਼ਾ ਯਾਦ ਰੱਖਣਗੇ।

-------------------------------------------------------------

ਭਾਜਪਾ ਦੇ ਕੌਮੀ ਕਾਰਜਕਾਰਨੀ ਮੈਂਬਰ ਅਤੇ ਸਾਬਕਾ ਮੰਤਰੀ ਪੰਜਾਬ ਸ੍ਰੀ ਮਨੋਰੰਜਨ ਕਾਲੀਆ ਨੇ ਭਾਰਤ ਦੇ ਸਾਬਕਾ ਪ੍ਰਧਾਨ ਮੰਤਰੀ ਡਾ: ਮਨਮੋਹਨ ਸਿੰਘ ਦੇ ਅਚਾਨਕ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਏ । ਭਾਜਪਾ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਨੇ ਓਹਨਾ ਨੂੰ ਇਕ ਸ਼ਾਨਦਾਰ ਪ੍ਰਧਾਨ ਮੰਤਰੀ ਦੱਸਦਿਆਂ ਕਿਹਾ ਕੇ ਡਾ: ਮਨਮੋਹਨ ਸਿੰਘ ਨਿਮਰਤਾ, ਇਮਾਨਦਾਰੀ ਅਤੇ ਬੁੱਧੀਮਤਾ ਦੀ ਮੂਰਤ ਸਨ। ਭਾਰਤ ਓਹਨਾ ਦੀ ਕਮੀ ਮਹਿਸੂਸ ਕਰੇਗਾ। ਪੰਜਾਬ ਸਰਕਾਰ ਵਲੋਂ ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਮੁੱਖ

ਸਕੱਤਰ ਕੇ.ਏ.ਪੀ.ਸਿਨਹਾ ਵਲੋਂ ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਨੂੰ ਫੁੱਲਾਂ ਨਾਲ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਉਨ੍ਹਾਂ ਡਾ.ਮਨਮੋਹਨ ਸਿੰਘ ਦੇ ਪਰਿਵਾਰਕ ਮੈਂਬਰਾਂ ਨਾਲ ਵੀ ਦੁੱਖ ਸਾਂਝਾ ਕੀਤਾ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਭਾਰਤ ਦੇ ਸਾਬਕਾ ਪ੍ਰਧਾਨ ਮੰਤਰੀ ਦੇ ਅਕਾਲ ਚਲਾਣੇ ‘ਤੇ ਗਹਿਰਾ ਦੁੱਖ ਪ੍ਰਗਟਾਉਂਦਿਆਂ ਕਿਹਾ ਕੇ ਓਹਨਾ ਨੇ ਪੰਜਾਬੀਆਂ ਨੂੰ ਪੂਰੀ ਦੁਨੀਆਂ ਵਿੱਚ ਉਭਾਰਿਆ ਅਤੇ ਦੁਨੀਆ ਦੇ ਸਭ ਤੋਂ ਵੱਡੇ ਲੋਕਰਾਜ ਭਾਰਤ ਦੇਸ਼ ਦੇ ਪ੍ਰਧਾਨ ਮੰਤਰੀ ਰਹਿੰਦਿਆਂ ਕਈ ਮਹੱਤਵਪੂਰਨ ਕਾਰਜ ਕੀਤੇ।

----------------------------------------------------

ਅੰਮ੍ਰਿਤਸਰ ਦੇ ਰਹਿਣ ਵਾਲੇ, ਸਾਬਕਾ ਪ੍ਰਧਾਨ ਮੰਤਰੀ ਡਾ:ਮਨਮੋਹਨ ਸਿੰਘ ਨੂੰ ਇਥੋਂ ਦੇ ਹੋਰਨਾਂ ਵਸਨੀਕਾਂ ਦੇ ਨਾਲ ਨਾਲ ਇਥੇ ਸਤਿਥ ਓਹਨਾ ਦਾ ਹਿੰਦੂ ਕਾਲਜ ਯਾਦ ਕਰ ਰਿਹਾ ਏ । ਇਸ ਮਹਾਨ ਅਰਥ ਸ਼ਾਸਤਰੀ ਦਾ ਪਰਿਵਾਰ ਭਾਰਤ-ਪਾਕਿਸਤਾਨ ਵੰਡ ਤੋਂ ਬਾਅਦ ਅੰਮ੍ਰਿਤਸਰ ਵਿਚ ਆ ਕੇ ਵੱਸ ਗਿਆ ਸੀ । ਡਾਕਟਰ ਮਨਮੋਹਨ ਸਿੰਘ ਜੀ ਦੇ ਦਿਲ ਵਿਚ,

ਓਹਨਾ ਦੇ ਕਾਲਜ ਦੀ ਇੱਕ ਖਾਸ ਥਾਂ ਸੀ ਕਿਉਂਕਿ ਇਹ ਉਹ ਸੰਸਥਾ ਸੀ ਜਿਸ ਨੇ ਅਰਥ ਸ਼ਾਸਤਰ ਵਿਚ ਓਹਨਾ ਦੀ ਦਿਲਚਸਪੀ ਪੈਦਾ ਕੀਤੀ ਸੀ। ਕਾਲਜ ਪ੍ਰਿੰਸੀਪਲ ਸ਼੍ਰੀ ਸੰਜੇ ਖੰਨਾ ਨੇ ਕਿਹਾ ਕਿ ਭਲਕੇ ਇੱਕ ਪ੍ਰਾਰਥਨਾ ਸਭਾ ਹੋਏਗੀ , ਜਿਸ ਵਿੱਚ ਇਸ ਕਾਲਜ ਦੇ ਪੁਰਾਣੇ ਵਿਦਿਆਰਥੀ ਓਹਨਾ ਨੂੰ ਸ਼ਰਧਾਂਜਲੀ ਦੇਣ ਲਈ ਆਉਣਗੇ।

***ਇੱਕ ਰਿਪੋਰਟ***

***ਹਿੰਦੂ ਕਾਲਜ ਦੇ ਪ੍ਰਿੰਸੀਪਲ ਸ਼੍ਰੀ ਖੰਨਾ ਨੇ ਦੱਸਿਆ ਕਿ ਡਾ: ਮਨਮੋਹਨ ਸਿੰਘ ਨੇ 1951 ਤੋਂ 53 ਤੱਕ ਇੱਥੇ ਪੜ੍ਹਾਈ ਕੀਤੀ ਸੀ ਅਤੇ ਉਨ੍ਹਾਂ ਦਾ ਰੋਲ ਨੰਬਰ 19 ਸੀ। ਉਨ੍ਹਾਂ ਕਿਹਾ ਕਿ ਅਰਥ ਸ਼ਾਸਤਰ ਉਨ੍ਹਾਂ ਦਾ ਪਸੰਦੀਦਾ ਵਿਸ਼ਾ ਹੈ।***

***BYTE OF Principal***

***ਪ੍ਰਸਿੱਧ ਖੇਤੀ ਅਰਥ ਸ਼ਾਸਤਰੀ, ਸ਼੍ਰੀ ਸਰਦਾਰਾ ਸਿੰਘ ਜੌਹਲ, ਜਿਨ੍ਹਾਂ ਨੇ ਖੇਤੀ ਲਾਗਤਾਂ ਅਤੇ ਕੀਮਤਾਂ ਬਾਰੇ ਭਾਰਤੀ ਕਮਿਸ਼ਨ ਦੀ ਪ੍ਰਧਾਨਗੀ ਵੀ ਕੀਤੀ ਏ ਨੇ ਡਾ: ਮਨਮੋਹਨ ਸਿੰਘ ਨੂੰ ਮਨੁੱਖਤਾ ਦੀ***

***ਇੱਕ ਉੱਤਮ ਮਿਸਾਲ ਕਰਾਰ ਦੇਂਦੀਆਂ ਕਿਹਾ ਕੇ ਰਾਸ਼ਟਰ ਨੇ ਇਸ ਮਹਾਨ ਅਰਥਸ਼ਾਸਤਰੀ ਨੂੰ ਗੁਆ ਲਿਆ ਏ ।***

***BYTE OF Sh Johl***

***ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ: ਕਰਮਜੀਤ ਸਿੰਘ ਨੇ ਸਾਬਕਾ ਪ੍ਰਧਾਨਮੰਤਰੀ ਨੂੰ ਸ਼ਰਧਾਂਜਲੀ ਦਿੰਦਿਆਂ ਕਿਹਾ ਕਿ ਯੂਨੀਵਰਸਿਟੀ ਇਸ ਅਸਾਧਾਰਨ ਆਗੂ ਨੂੰ ਸਲਾਮ ਕਰਦੀ ਹੈ, ਜੋ ਸਦਾ ਲਈ ਸਾਡੇ ਦੇਸ਼ ਦੇ ਮਾਣ ਅਤੇ ਨਾਇਕ ਬਣੇ ਰਹਿਣਗੇ। ਅੰਮ੍ਰਿਤਸਰ ਤੋਂ ਮਨਿੰਦਰ ਮੋਂਗਾ ਦੇ ਨਾਲ, ਰਾਜੇਸ਼ ਬਾਲੀ/ ਆਕਾਸ਼ਵਾਣੀ ਖਬਰਾਂ/ਜਲੰਧਰ***

---

ਸਾਬਕਾ ਪ੍ਰਧਾਨ ਮੰਤਰੀ ਡਾ: ਮਨਮੋਹਨ ਸਿੰਘ ਦੀ ਅੰਤਿਮ ਯਾਤਰਾ ਭਲਕੇ ਸਵੇਰੇ ਸਾਢੇ 9 ਵਜੇ ਨਵੀਂ ਦਿੱਲੀ ਸਥਿਤ ਕਾਂਗਰਸ ਸਦਰਮੁਕਾਮ ਤੋਂ ਸ਼ੁਰੂ ਹੋਵੇਗੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਕਾਂਗਰਸ ਦੇ ਜਨਰਲ ਸਕੱਤਰ ਕੇ ਸੀ ਵੇਣੂਗੋਪਾਲ ਨੇ ਕਿਹਾ ਕਿ ਸਾਬਕਾ ਪ੍ਰਧਾਨ ਮੰਤਰੀ ਦੀ ਮ੍ਰਿਤਕ ਦੇਹ ਨੂੰ ਅੱਜ ਰਾਸ਼ਟਰੀ ਰਾਜਧਾਨੀ ਵਿੱਚ ਉਨ੍ਹਾਂ ਦੇ

ਨਿਵਾਸ ਸਥਾਨ 'ਤੇ ਲੋਕਾਂ ਵੱਲੋਂ ਸ਼ਰਧਾਂਜਲੀ ਭੇਂਟ ਕਰਨ ਲਈ ਰਖਿਆ ਗਿਆ ਏ. ਉਨ੍ਹਾਂ ਅੱਗੇ ਕਿਹਾ ਕਿ ਭਲਕੇ ਸਵੇਰੇ ਉਨ੍ਹਾਂ ਦੀ ਮ੍ਰਿਤਕ ਦੇਹ ਨੂੰ ਕਾਂਗਰਸ ਦਫਤਰ ਲਿਜਾਇਆ ਜਾਵੇਗਾ ਅਤੇ ਜਨਤਾ ਅਤੇ ਪਾਰਟੀ ਵਰਕਰਾਂ ਨੂੰ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕਰਨ ਦਾ ਮੌਕਾ ਮਿਲੇਗਾ।

---------------------------------------------------

ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ, ਬਾਬਾ ਫ਼ਤਹਿ ਸਿੰਘ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਦੀ ਯਾਦ ਵਿਚ ਇਤਿਹਾਸਕ ਅਤੇ ਪਵਿੱਤਰ ਅਸਥਾਨ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਤਿੰਨ ਰੋਜ਼ਾ ਸਾਲਾਨਾ ਸ਼ਹੀਦੀ ਸਭਾ, ਸ਼ਹੀਦੀ ਨਗਰ ਕੀਰਤਨ ਦੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਪੁੱਜਣ’ਤੇ ਅਰਦਾਸ ਉਪਰੰਤ ਰਸਮੀ ਤੌਰ 'ਤੇ ਸੰਪੂਰਨ ਹੋਈ। ਕੜਾਕੇ ਦੀ ਠੰਡ ਦੇ ਬਾਵਜੂਦ ਸ਼ਰਧਾਲੂਆਂ ਨੇ ਨਗਰ ਕੀਰਤਨ ਵਿੱਚ ਭਾਰੀ ਗਿਣਤੀ ਵਿਚ ਸ਼ਿਰਕਤ ਕੀਤੀ। ਸੰਗਤਾਂ ਨੇ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਨਤਮਸਤਕ ਹੋ ਕੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀਆਂ ਅਜ਼ੀਮ

ਸ਼ਹਾਦਤਾਂ ਨੂੰ ਸ਼ਰਧਾ ਤੇ ਸਤਿਕਾਰ ਭੇਂਟ ਕੀਤਾ। ਨਗਰ ਕੀਰਤਨ ਦੀ ਆਰੰਭਤਾ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਸਬੰਧੀ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸ਼ਰਧਾਲੂ ਸੰਗਤਾਂ ਦੀ ਵਿਸ਼ਾਲ ਸ਼ਮੂਲੀਅਤ ਨਾਲ ਸ਼ਹੀਦੀ ਨਗਰ ਕੀਰਤਨ ਅਰੰਭ ਹੋਇਆ, ਜਿਸ ਦੀ ਸਮਾਪਤੀ ਸਮੇਂ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਸਜਾਏ ਗਏ ਗੁਰਮਤਿ ਸਮਾਗਮ ਵਿਚ ਪੰਥ ਪ੍ਰਸਿੱਧ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਨਾਲ ਸੰਗਤ ਨੂੰ ਜੋੜਿਆ।

----------------------------------------------------

ਅੱਜ ਤਲਵੰਡੀ ਸਾਬੋ ਤੋਂ ਬਠਿੰਡਾ ਨੂੰ ਆ ਰਹੀ ਇੱਕ ਪ੍ਰਾਈਵੇਟ ਬੱਸ ਦੇ, ਜ਼ਿਲ੍ਹੇ ਦੇ ਪਿੰਡ ਜੀਵਨ ਸਿੰਘ ਵਾਲਾ ਵਿਖੇ ਗੰਦੇ ਨਾਲੇ ਵਿੱਚ ਡਿੱਗ ਜਾਣ ਕਾਰਣ, 8 ਲੋਕਾਂ ਦੀ ਮੌਤ ਹੋ ਗਈ ਤੇ ਕੁਲ 26 ਮੁਸਾਫ਼ਿਰ ਇਸ ਹਾਦਸੇ ਵਿਚ ਜ਼ਖਮੀ ਹੋਏ ਨੇ. ਜ਼ਖਮੀਆਂ ਨੂੰ ਤਲਵੰਡੀ ਸਾਬੋ ਅਤੇ ਜਿਲ੍ਹਾ

ਹਸਪਤਾਲ ਬਠਿੰਡਾ ਵਿਖੇ ਦਾਖਿਲ ਕਰਾਇਆ ਗਿਆ ਏ ਤੇ ਓਹਨਾਂ ਦੀ ਹਾਲਤ ਸਥਿਰ ਏ। ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਨੇ ਦੱਸਿਆ ਕਿ ਹਾਦਸੇ ਦੇ ਫੌਰਨ ਬਾਅਦ, ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਪਾਰਟੀਆਂ ਮੌਕੇ 'ਤੇ ਪਹੁੰਚੀਆਂ ਅਤੇ NDRF ਅਤੇ ਸਥਾਨਕ ਲੋਕਾਂ ਦੇ ਸਹਿਯੋਗ ਨਾਲ ਹਾਦਸਾ ਗ੍ਰਸਤ ਬੱਸ 'ਚੋਂ ਮੁਸਾਫਰਾਂ ਨੂੰ ਬਾਹਰ ਕਢਿਆ ਗਿਆ. ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਹਾਦਸੇ ਵਿੱਚ ਮ੍ਰਿਤਕਾਂ ਦੀ ਪਹਿਚਾਣ ਦਾ ਹਾਲੇ ਪਤਾ ਨਹੀਂ ਲਗਿਆ ਏ । ਉਹਨਾਂ ਇਹ ਵੀ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਨਤਾ ਦੀ ਸਹੂਲਤ ਲਈ ਕੰਟਰੋਲ ਰੂਮ ਕਾਇਮ ਕੀਤਾ ਗਿਆ ਏ ਜਿਸ ਦੇ ਨੰਬਰ ਨੇ **97-801-00-498 ਅਤੇ 96-468-15-951**

---------------------------------------------------

ਮੌਸਮ ਵਿਭਾਗ ਨੇ ਕਲ ਤਕ ਲਈ ਪੰਜਾਬ ਦੇ ਕੁਝ ਹਿੱਸਿਆਂ ਵਿੱਚ ਗੜ੍ਹੇਮਾਰ ਦੇ ਨਾਲ ਤੂਫ਼ਾਨ ਦੀ ਪੇਸ਼ੀਨਗੋਈ ਕੀਤੀ ਏ । ਇਸ ਬਾਰੇ ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਡਾਇਰੈਕਟਰ ਸ੍ਰੀ ਸੁਰਿੰਦਰ ਪਾਲ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ–

**BYTE**

---

- ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਸਮੇਤ ਉਘੇ ਨੇਤਾਵਾਂ ਨੇ ਅੱਜ ਨਵੀਂ ਦਿੱਲੀ ਵਿਖੇ ਮਰਹੂਮ ਸਾਬਕ ਪ੍ਰਧਾਨ ਮੰਤਰੀ ਡਾ: ਮਨਮੋਹਨ ਸਿੰਘ ਨੂੰ ਉਨ੍ਹਾਂ ਦੀ ਰਿਹਾਇਸ਼ 'ਤੇ ਅੰਤਿਮ ਸ਼ਰਧਾਂਜਲੀ ਭੇਂਟ ਕੀਤੀ|
- ਸਾਬਕ ਪ੍ਰਧਾਨ ਮੰਤਰੀ ਡਾ: ਮਨਮੋਹਨ ਸਿੰਘ ਦਾ ਅੰਤਿਮ ਸੰਸਕਾਰ ਭਲਕੇ ਪੂਰੇ ਸਰਕਾਰੀ ਸਨਮਾਨਾਂ ਨਾਲ ਕੀਤਾ ਜਾਏਗਾ।
- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ, ਬਾਬਾ ਫ਼ਤਹਿ ਸਿੰਘ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਦੀ ਯਾਦ ਵਿਚ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਤਿੰਨ ਰੋਜ਼ਾ ਸਾਲਾਨਾ ਸ਼ਹੀਦੀ ਸਭਾ ਅੱਜ ਸੰਪੂਰਨ ਹੋ ਗਈ ਏ।

- ਅੱਜ ਬਠਿੰਡਾ ‘ਚ ਇੱਕ ਪ੍ਰਾਈਵੇਟ ਬੱਸ ਨੂੰ ਦਰਪੇਸ਼ ਹਾਦਸੇ ਵਿਚ, 8 ਲੋਕਾਂ ਦੀ ਮੌਤ ਹੋ ਗਈ ਤੇ ਕੁਲ 26 ਮੁਸਾਫ਼ਿਰ ਇਸ ਹਾਦਸੇ’ਚ ਜ਼ਖਮੀ ਹੋਏ ਨੇ।
- ਮੌਸਮ ਵਿਭਾਗ ਨੇ ਕਲ ਤਕ ਲਈ ਪੰਜਾਬ ਦੇ ਕੁਝ ਹਿੱਸਿਆਂ ਵਿੱਚ ਗੜ੍ਹੇਮਾਰ ਦੇ ਨਾਲ ਤੂਫ਼ਾਨ ਦੀ ਪੇਸ਼ੀਨਗੋਈ ਕੀਤੀ ਏ।